ਦਫਤਰ ਜਿਲ੍ਹਾ ਮੈਜਿਸਟ੍ਰੇਟ, ਪਠਾਨਕੋਟ।

ਫੁਟਕਲ ਸ਼ਾਖਾ

ਹੁਕਮ:

ਇਸ ਦਫਤਰ ਵੱਲੋ ਪਿੱਠ ਅੰਕਣ ਹੁਕਮ ਨੰਬਰ: 1710-57 ਮਿਤੀ 23 ਮਾਰਚ 2020 ਰਾਹੀ ਜਿਲ੍ਹਾ ਪਠਾਨਕੋਟ ਦੀ ਹਦੂਦ ਅੰਦਰ ਕਰਫਿਊ ਦਾ ਹੁਕਮ ਜਾਰੀ ਕੀਤਾ ਗਿਆ ਹੈ। ਇਸ ਦਫਤਰ ਦੇ ਧਿਆਨ ਵਿੱਚ ਆਇਆ ਹੈ ਕਿ ਕਿਸਾਨਾ ਵੱਲੋ ਆਲੂ ਦੀ ਫਸਲ ਦੀ ਪੁਟਾਈ ਕੀਤੀ ਜਾ ਰਹੀ ਹੈ। ਪੁਟਾਈ ਉਪਰੰਤ ਛਾਂਟੀ ਕਰਨ ਤੋ ਬਾਅਦ ਆਲੂ ਉਤਪਾਦਕਾ ਵੱਲੋ ਇਹ ਫਸਲ ਵੱਖ-ਵੱਖ ਸ਼ਹਿਰਾਂ ਵਿੱਚ ਸਥਿਤ ਕੋਲਡ ਸਟੋਰਾਂ ਵਿੱਚ ਸਟੋਰ ਕੀਤੀ ਜਾਂਦੀ ਹੈ। ਇਸ ਫਸਲ ਨਾਲ ਕਈ ਲੋਕਾਂ ਦੇ ਸਮਾਜਿਕ ਅਤੇ ਆਰਥਿਕ ਹਿੱਤ ਜੁੜੇ ਹੋਏ ਹਨ। ਇਸ ਲਈ ਲੋਕ ਹਿੱਤਾ ਵਿੱਚ ਜਿਲ੍ਹਾ ਪਠਾਨਕੋਟ ਅੰਦਰ ਪੈਂਦੇ ਸਮੂਹ ਕੋਲਡ ਸਟੋਰਾਂ ਨੂੰ ਆਲੂ ਦੀ ਫਸਲ ਸਟੋਰ ਕਰਨ ਵਾਸਤੇ ਮਿਤੀ 15.04.2020 ਤੱਕ ਖੁੱਲੇ ਰੱਖਣ ਦਾ ਹੁਕਮ ਦਿੱਤਾ ਜਾਂਦਾ ਹੈ। ਸਟੋਰ ਮਾਲਕ ਕੋਵਿਡ-19 ਦੇ ਫੈਲਾਅ ਨੂੰ ਰੋਕਣ ਲਈ ਭਾਰਤ ਸਰਕਾਰ, ਪੰਜਾਬ ਸਰਕਾਰ ਅਤੇ ਇਸ ਦਫਤਰ ਵੱਲੋ ਸਮੇ ਸਮੇ ਜਾਰੀ ਹੋਈਆਂ ਹਦਾਇਤਾਂ ਦੀ ਪਾਲਣਾ ਤੇ ਨਾਲ ਨਾਲ ਘੱਟ ਤੋਂ ਘੱਟ 1.50 ਤੋ 2.00 ਮੀਟਰ ਦੀ ਸਮਾਜਿਕ ਦੂਰੀ ਬਣਾ ਕੇ ਰੱਖਣਗੇ। ਕਿਸੇ ਵੀ ਹਾਲਤ ਵਿੱਚ ਲੋਡਿੰਗ ਅਣਲੋਡਿੰਗ ਦੌਰਾਨ 10 ਤੋ ਜਿਆਦਾ ਵਿਅਕਤੀਆਂ ਦੀ ਲੇਬਰ ਇੱਕਠੀ ਨਹੀ ਹੋਣ ਦਿੱਤੀ ਜਾਵੇਗੀ।

2. ਇਹ ਵੀ ਹੁਕਮ ਦਿੱਤਾ ਜਾਂਦਾ ਹੈ ਕਿ ਕਿਸਾਨਾਂ ਨੂੰ ਆਪਣੀ ਫਸਲ ਕੋਲਡ ਸਟੋਰਾਂ ਤੱਕ ਲਿਜਾਣ ਲਈ ਉਨਾ ਦੇ ਵਹੀਕਲ ਸਮੇਤ ਕਰਫਿਊ ਤੋ ਛੋਟ ਦਿੱਤੀ ਜਾਂਦੀ ਹੈ। ਕਿਸਾਨ ਆਪਣੀ ਪਹਿਚਾਣ ਪੱਤਰ ਭਾਵ ਫੋਟੋ ਵੋਟਰ ਕਾਰਡ, ਆਧਾਰ ਕਾਰਡ ਜਾਂ ਡਰਾਈਵਿੰਗ ਲਾਇਸੰਸ ਨਾਲ ਰੱਖੇਗਾ।

ਇਹ ਹੁਕਮ ਜਿਲ੍ਹਾ ਪਠਾਨਕੋਟ ਦੀਆਂ ਹੱਦਾਂ ਅੰਦਰ ਪੈਂਦੇ ਕੋਲਡ ਸਟੋਰਾਂ ਅਤੇ ਆਲੂ ਉਤਪਾਦਕਾ ਲਈ ਹੈ।

ਪਠਾਨਕੋਟ
ਮਿਤੀ : 27.03.2020

(ਗੁਰਪ੍ਰੀਤ ਸਿੰਘ ਖਹਿਰਾ,ਆਈ.ਏ.ਐਸ),
ਡਿਪਟੀ ਕਮਿਸ਼ਨਰ,
ਪਠਾਨਕੋਟ।

ਪਿੱਠ ਅੰਕਣ ਨੰਬਰ:ਐਮ.ਏ/ 1837-57 ਮਿਤੀ 27/03/2020

ਉਪਰੋਕਤ ਦਾ ਉਤਾਰਾ ਨਿਮਨਲਿਖਤ ਨੂੰ ਸੂਚਨਾ/ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ।
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ।
3. ਕਮਿਸ਼ਨਰ, ਕਾਰਪੋਰੇਸ਼ਨ, ਪਠਾਨਕੋਟ।
4. ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ।
5. ਵਧੀਕ ਡਿਪਟੀ ਕਮਿਸ਼ਨਰ,(ਜ/ਵਿ), ਪਠਾਨਕੋਟ।
6. ਉਪ ਮੰਡਲ ਮੈਜਿਸਟ੍ਰੇਟ, ਪਠਾਨਕੋਟ/ਧਾਰਕਲਾਂ।
7 ਸਿਵਲ ਸਰਜਨ, ਪਠਾਨਕੋਟ।
8. ਸਕੱਤਰ ਆਰ.ਟੀ.ਏ, ਗੁਰਦਾਸਪੁਰ/ਪਠਾਨਕੋਟ।
9 ਤਹਿਸੀਲਦਾਰ, ਪਠਾਨਕੋਟ/ਧਾਰਕਲਾਂ
10 ਸਾਰੇ ਈ.ਓ, ਪਠਾਨਕੋਟ/ਨਗਰ ਕੌਸਲ ਸੁਜਾਨਪੁਰ/ਨਗਰ ਪੰਚਾਇਤ ਨਰੋਟ ਜੈਮਲ ਸਿੰਘ
11. ਮੁੱਖ ਖੇਤੀਬਾੜੀ ਅਫਸਰ, ਪਠਾਨਕੋਟ।
12. ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫਸਰ।
13. ਜਿਲ੍ਹਾ ਲੋਕ ਸੰਪਰਕ ਅਫਸਰ, ਪਠਾਨਕੋਟ।

(ਗੁਰਪ੍ਰੀਤ ਸਿੰਘ ਖਹਿਰਾ,ਆਈ.ਏ.ਐਸ),
ਡਿਪਟੀ ਕਮਿਸ਼ਨਰ,
ਪਠਾਨਕੋਟ।